# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 03-12-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਚੰਡੀਗੜ੍ਹ ਵਿੱਚ, ਨਵੇਂ ਅਪਰਾਧ ਕਾਨੂੰਨ ਰਾਸ਼ਟਰ ਨੂੰ ਸਮਰਪਿਤ ਕੀਤੇ ।
- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ, ਅੰਤਰ-ਰਾਸ਼ਟਰੀ ਦਿਵਸ ਦੇ ਮੌਕੇ, 33 ਫੀਸਦੀ ਦਿਵੀਆਂਗਤਾ ਵਾਲੇ ਮਿਸਾਲੀ ਵਿਅਕਤੀਆਂ ਅਤੇ ਸੰਸਥਾਵਾਂ ਦੇ ਸਸ਼ਕਤੀਕਰਨ ਲਈ ਰਾਸ਼ਟਰੀ ਪੁਰਸਕਾਰ ਕੀਤੇ ਪ੍ਰਦਾਨ ।
- ਪੰਜਾਬ ਵਿਚ ਸਮਾਜਿਕ ਸੁਰੱਖਿਆ, ਮਹਿਲਾ ਤੇ ਬਾਲ ਵਿਕਾਸ ਮੰਤਰੀ ਵਲੋਂ ਵੀ, ਅੱਜ ਸੂਬਾ ਪੱਧਰੀ ਸਮਾਗਮ ਵਿਚ ਦਿਵਿਆਂਗਜਨਾਂ ਨੂੰ ਕੀਤਾ ਗਿਆ ਸਨਮਾਨਿਤ ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਲਾਨ ਕੀਤਾ ਕਿ ਨੌਜਵਾਨਾਂ ਨੂੰ ਹੋਰ ਸਰਕਾਰੀ ਨੌਕਰੀਆਂ ਦੇਣ ਲਈ, ਜਲਦੀ ਸਿਹਤ, ਸਿੱਖਿਆ ਅਤੇ ਹੋਰ ਪ੍ਰਮੁੱਖ ਵਿਭਾਗਾਂ ਵਿੱਚ ਭਰਤੀ ਮੁਹਿੰਮ ਦੀ ਹੋਵੇਗੀ ਸ਼ੁਰੂਆਤ ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਚੰਡੀਗੜ੍ਹ ਵਿੱਚ, ਨਵੇਂ ਅਪਰਾਧ ਕਾਨੂੰਨ ਰਾਸ਼ਟਰ ਨੂੰ ਸਮਰਪਿਤ ਕੀਤੇ। ਇਸ ਮੌਕੇ ਕੇਂਦਰੀ ਗ੍ਰਹਿ ਮੰਤਰੀ ਅਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਵੀ ਮੌਜੂਦ ਰਹੇ। ਪ੍ਰਧਾਨ ਮੰਤਰੀ ਨੇ ਭਾਰਤੀ ਨਿਆਂ ਸੰਹਿਤਾ ਦੇ ਲਾਗੂ ਹੋਣ 'ਤੇ ਲੋਕਾਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਇਹ ਸੱਚਾ ਸਮਾਜਿਕ ਨਿਆਂ ਏ। BYTE:

ਸ਼੍ਰੀ ਮੋਦੀ ਨੇ ਕਿਹਾ ਕਿ ਦੇਸ਼ ਬਸਤੀਵਾਦੀ ਮਾਨਸਿਕਤਾ ਤੋਂ ਬਾਹਰ ਆ ਜਾਵੇਗਾ। ਪ੍ਰਧਾਨ ਮੰਤਰੀ ਨੇ ਕਿਹਾ ਕਿ ਨਵੇਂ ਅਪਰਾਧਿਕ ਕਾਨੂੰਨਾਂ ਨੂੰ ਲਾਗੂ ਕਰਨਾ, ਉਨ੍ਹਾਂ ਆਦਰਸ਼ਾਂ ਨੂੰ ਪੂਰਾ ਕਰਨ ਦੀ ਦਿਸ਼ਾ ਵਿੱਚ ਇੱਕ ਠੋਸ ਕਦਮ ਏ, ਜਿਨ੍ਹਾਂ ਦੀ ਕਲਪਨਾ ਸਾਡੇ ਸੰਵਿਧਾਨ ਵਿੱਚ ਕੀਤੀ ਗਈ ਸੀ। ਸ਼੍ਰੀ ਮੋਦੀ ਨੇ ਚੰਡੀਗੜ੍ਹ ਵਿੱਚ ਨਵੇਂ ਅਪਰਾਧਿਕ ਕਾਨੂੰਨਾਂ ਨੂੰ ਸਫਲਤਾ-ਪੂਰਵਕ ਲਾਗੂ ਕਰਨ ਲਈ, ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਵਕੀਲਾਂ ਅਤੇ ਚੰਡੀਗੜ੍ਹ ਬਾਰ ਕੌਂਸਲ ਦੇ ਮੈਂਬਰਾਂ ਦਾ ਵੀ ਧੰਨਵਾਦ ਕੀਤਾ ਅਤੇ ਵਧਾਈ ਦਿੱਤੀ। ਇਸ ਮੌਕੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ ਤਿੰਨ ਸਾਲਾਂ ਦੇ ਅੰਦਰ, ਪੂਰੇ ਦੇਸ਼ ਵਿੱਚ ਤਿੰਨ ਨਵੇਂ ਅਪਰਾਧਿਕ ਕਾਨੂੰਨ ਲਾਗੂ ਕੀਤੇ ਜਾਣਗੇ।

--------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਨਵੀਂ ਦਿੱਲੀ ਵਿੱਚ, ਅੰਤਰ-ਰਾਸ਼ਟਰੀ ਦਿਵਸ 2024 ਦੇ ਮੌਕੇ 'ਤੇ, 33 ਫੀਸਦੀ ਦਿਵੀਆਂਗਤਾ ਵਾਲੇ ਮਿਸਾਲੀ ਵਿਅਕਤੀਆਂ ਅਤੇ ਸੰਸਥਾਵਾਂ ਦੇ ਸਸ਼ਕਤੀਕਰਨ ਲਈ ਰਾਸ਼ਟਰੀ ਪੁਰਸਕਾਰ ਪ੍ਰਦਾਨ ਕੀਤੇ। ਰਾਸ਼ਟਰਪਤੀ ਮੁਰਮੂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਇਸ ਪੁਰਸਕਾਰ ਦੇ ਜੇਤੂ ਸਮਾਜ ਲਈ, ਰੋਲ ਮਾਡਲ ਬਣ ਕੇ ਉਭਰ ਰਹੇ ਨੇ। ਉਨ੍ਹਾਂ ਕਿਹਾ ਕਿ ਇਨ੍ਹਾਂ ਵਲੋਂ ਵਿਖੇ ਰਸਤੇ ਤੇ ਚੱਲ ਕੇ ਹੋਰ ਵਿਅਕਤੀ ਅਤੇ ਸੰਸਥਾਵਾਂ ਦਿਵੀਆਂਗ ਜਨਾਂ ਦੇ ਸਸ਼ਕਤੀਕਰਨ ਦੀ ਦਿਸ਼ਾ ਵਿੱਚ ਅੱਗੇ ਵੱਧ ਸਕਦੀਆਂ ਨੇ। ਰਾਸ਼ਟਰਪਤੀ ਨੇ ਕਿਹਾ ਕਿ ਦਿਵੀਆਂਗ ਵਿਅਕਤੀਆਂ ਵਿੱਚ ਉੱਦਮਤਾ ਨੂੰ ਉਤਸ਼ਾਹਿਤ ਕਰਨਾ, ਉਨ੍ਹਾਂ ਦੇ ਹੁਨਰ ਨੂੰ ਵਿਕਸਤ ਕਰਨਾ, ਉਨ੍ਹਾਂ ਨੂੰ ਰੁਜ਼ਗਾਰ ਮੁਹੱਈਆ ਕਰਵਾਉਣਾ, ਉਨ੍ਹਾਂ ਵਲੋਂ ਤਿਆਰ ਉਤਪਾਦ ਖਰੀਦਣ ਨੂੰ ਤਰਜੀਹ ਦੇਣਾ ਅਤੇ ਬਾਜ਼ਾਰ ਦੀਆਂ ਸਹੂਲਤਾਂ ਪ੍ਰਦਾਨ ਕਰਨ ਨਾਲ ਦਿਵੀਆਂਗ ਜਨਾਂ ਦੀ ਅਗਵਾਈ ਸਮਰੱਥਾ ਵਿੱਚ ਵਾਧਾ ਹੋਵੇਗਾ।

BYTE:

ਰਾਸ਼ਟਰਪਤੀ ਨੇ ਦਿਵੀਆਂਗ ਵਿਅਕਤੀਆਂ ਨੂੰ ਸਰਵ ਵਿਆਪਕ ਪਹੁੰਚ ਪ੍ਰਦਾਨ ਕਰਨ ਵਿੱਚ ਭਾਰਤ ਮੁਹਿੰਮ ਦੀ ਭੂਮਿਕਾ ਦਾ ਜ਼ਿਕਰ ਕੀਤਾ। ਇਹ ਮੁਹਿੰਮ ਇਸ ਗੱਲ ਦਾ ਸਬੂਤ ਏ ਕਿ ਦਿਵੀਆਂਗ ਲੋਕ ਹਮਦਰਦੀ ਦੇ ਨਹੀਂ ਸਗੋਂ ਸਨਮਾਨ ਦੇ ਹੱਕਦਾਰ ਨੇ। ਰਾਸ਼ਟਰਪਤੀ ਨੇ ਕਿਹਾ ਕਿ ਇਸ ਸਾਲ ਦਾ ਵਿਸ਼ਾ ਇੱਕ ਸੰਮਲਿਤ ਅਤੇ ਟਿਕਾਊ ਭਵਿੱਖ ਲਈ ਦਿਵੀਆਂਗ ਵਿਅਕਤੀਆਂ ਦੀ ਅਗਵਾਈ ਨੂੰ ਉਤਸ਼ਾਹਿਤ ਕਰਨਾ ਏ।

-----------------------------------------------------------

ਏਧਰ ਪੰਜਾਬ ਦੇ ਸਮਾਜਿਕ ਸੁਰੱਖਿਆ, ਮਹਿਲਾ ਤੇ ਬਾਲ ਵਿਕਾਸ ਵਿਭਾਗ ਵਲੋਂ ਵੀ,ਅੱਜ ਅੰਤਰ-ਰਾਸ਼ਟਰੀ ਦਿਵਿਆਂਗ ਦਿਵਸ ਦੇ ਸਬੰਧ ਵਿੱਚ,ਫਰੀਦਕੋਟ ਵਿਖੇ ਸੂਬਾ ਪੱਧਰੀ ਸਮਾਗਮ ਕੀਤਾ ਗਿਆ, ਜਿਸ ਵਿੱਚ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਮੌਕੇ ਸਮੁੱਚੇ ਸੂਬੇ ਤੋਂ ਪਹੁੰਚੇ ਦਿਵਿਆਂਗਜਨਾਂ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ, ਦਿਵਿਆਂਗਜਨਾਂ ਤੇ ਹੋਰ ਕਮਜ਼ੋਰ ਤਬਕਿਆਂ ਦੀ ਤਰੱਕੀ ਤੇ

ਸਰਬਪੱਖੀ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਏ । BYTE ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਦਿਵਿਆਂਗਜਨਾਂ ਦੀ ਸਹੂਲਤ ਲਈ ਜਿੱਥੇ ਰੁਜ਼ਗਾਰ ਦੇ ਵੱਡੀ ਪੱਧਰ ਤੇ ਸਾਧਨ ਮੁੱਹਈਆ ਕਰਵਾਏ ਜਾ ਰਹੇ ਨੇ ਉੱਥੇ ਹੀ ਉਨ੍ਹਾਂ ਨੂੰ ਸਰਕਾਰੀ ਤੇ ਪ੍ਰਾਈਵੇਟ ਅਦਾਰਿਆਂ ਵਿੱਚ ਨੌਕਰੀਆਂ ਵਿੱਚ ਉਨ੍ਹਾਂ ਦਾ ਬਣਦਾ ਕੋਟਾ ਹਰ ਹਾਲਤ ਵਿੱਚ ਲਾਗੂ ਕੀਤਾ ਜਾਵੇਗਾ। ਸਮਾਗਮ ਵਿੱਚ ਵੱਖ-ਵੱਖ ਸ਼੍ਰੇਣੀਆਂ ਵਿਚ ਸਰਵਉੱਚ ਮੁਲਾਜ਼ਮ, ਸਰਵਉੱਚ ਰੁਜ਼ਗਾਰਦਾਤਾ, ਸਰਵਉੱਚ ਖਿਡਾਰੀ ਅਤੇ ਸਰਵਉੱਚ ਸੰਸਥਾ ਜਾਂ ਦਿਵਿਆਂਗਜਨਾਂ ਦੀ ਭਲਾਈ ਲਈ ਕੰਮ ਕਰਨ ਵਾਲੀਆਂ ਸੰਸਥਾਵਾਂ ਨੂੰ ਸਨਮਾਨਿਤ ਕੀਤਾ ਗਿਆ ਏ । ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਹਰੇਕ ਪੁਰਸਕਾਰ ਜੇਤੂ ਨੂੰ 10 ਹਜ਼ਾਰ ਰੁਪਏ ਦਾ ਨਕਦ ਇਨਾਮ ਅਤੇ ਇੱਕ ਸਰਟੀਫਿਕੇਟ ਦਿੱਤਾ ਗਿਆ ਏ । ਡਾ. ਬਲਜੀਤ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਦਿਵਿਆਂਗਜਨਾਂ ਦੀ ਸਹੂਲਤ ਲਈ ਰੁਜ਼ਗਾਰ ਲਈ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਨੇ । ਉਨ੍ਹਾਂ ਕਿਹਾ ਕਿ ਇਸ ਮਕਸਦ ਲਈ ਕੰਪਨੀਆਂ ਨੂੰ ਸੱਦਾ ਦਿੱਤਾ ਗਿਆ ਹੈ ਤਾਂ ਜੋ ਦਿਵਿਆਂਗਜਨ ਜੋ ਆਪਣੀ ਕਾਬਲੀਅਤ ਦੇ ਸਿਰ

ਤੇ ਪੜ੍ਹ ਕੇ ਅੱਗੇ ਆਏ ਹਨ ਨੌਕਰੀਆਂ ਪ੍ਰਾਪਤ ਕਰ ਸਕਣ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨੇਤਰਹੀਣ ਵਿਅਕਤੀਆਂ ਦੇ ਸਹਾਇਕਾਂ ਲਈ ਮੁਫਤ ਯਾਤਰਾ ਦੀ ਸਹੂਲਤ ਸਬੰਧੀ ਨੋਟੀਫਿਕੇਸ਼ਨ ਜਲਦੀ ਹੀ ਜਾਰੀ ਕੀਤਾ ਜਾਵੇਗਾ। ਪੰਜਾਬ ਰੋਡਵੇਜ਼ ਅਤੇ ਪੀ.ਆਰ.ਟੀ.ਸੀ ਬੱਸਾਂ 'ਤੇ ਦਿਵਿਆਂਗਜਨਾਂ ਲਈ, ਕਿਰਾਏ 'ਤੇ 50 ਫੀਸਦੀ ਰਿਆਇਤ, 2023-24 ਵਿੱਚ 2 ਕਰੋੜ 19 ਲੱਕ ਰੁਪਏ ਦੀ ਲਾਗਤ ਨਾਲ ਸਾਢੇ 7 ਲੱਖ ਤੋਂ ਵੱਧ ਦਿਵਿਆਂਗਜਨਾਂ ਨੂੰ ਲਾਭ ਪਹੁੰਚਾਇਆ ਗਿਆ ਏ। ਚਾਲੂ ਵਿੱਤੀ ਵਰ੍ਹੇ 2024-25 ਵਿੱਚ ਸੂਬਾ ਪੈਨਸ਼ਨ ਯੋਜਨਾ ਦੇ ਤਹਿਤ 2 ਲਖ 65 ਹਜ਼ਾਰ 694 ਦਿਵਿਆਂਗਜਨਾਂ ਨੂੰ 278 ਕਰੋੜ 17 ਲਖ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਗਈ। ਬੱਚਿਆਂ ਵਿੱਚ ਸਿੱਖਿਆ ਨੂੰ ਉਤਸ਼ਾਹਿਤ ਕਰਨ ਲਈ 12 ਹਜ਼ਾਰ 607 ਦਿਵਿਆਂਗਜਨਾਂ ਨੂੰ ਵਜ਼ੀਫੇ ਵਜੋਂ 3 ਕਰੋੜ 37 ਲਖ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਗਈ।

---------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ, ਮਿਸ਼ਨ ਰੋਜ਼ਗਾਰ ਜਾਰੀ ਰੱਖਦਿਆਂ ਐਲਾਨ ਕੀਤਾ ਕਿ ਨੌਜਵਾਨਾਂ ਨੂੰ ਹੋਰ ਸਰਕਾਰੀ ਨੌਕਰੀਆਂ ਦੇਣ ਲਈ, ਜਲਦੀ ਸਿਹਤ, ਸਿੱਖਿਆ ਅਤੇ ਹੋਰ ਪ੍ਰਮੁੱਖ ਵਿਭਾਗਾਂ ਵਿੱਚ

ਭਰਤੀ ਮੁਹਿੰਮ ਸ਼ੁਰੂ ਕੀਤੀ ਜਾਵੇਗੀ ਅੱਜ ਪਟਿਆਲਾ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪਣ ਮੌਕੇ ਸੰਬੋਧਨ ਕਰਦਿਆਂ, ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੌਜਵਾਨਾਂ ਨੂੰ, ਜੀਵਨ ਵਿੱਚ ਸਫ਼ਲ ਹੋਣ ਦੇ ਭਰਪੂਰ ਮੌਕੇ ਮੁਹੱਈਆ ਕਰਨ ਲਈ ਵਚਨਬੱਧ ਏ ਅਤੇ ਹੁਣ ਤੱਕ 50 ਹਜ਼ਾਰ ਦੇ ਕਰੀਬ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਚੁੱਕੀਆਂ ਨੇ । ਉਨ੍ਹਾਂ ਕਿਹਾ ਕਿ ਨੌਜਵਾਨਾਂ ਲਈ, ਹੋਰ ਨਵੇਂ ਰਾਹ ਖੋਲ੍ਹੇ ਜਾਣਗੇ, ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਉਹ, ਸੂਬੇ ਦੇ ਸਮਾਜਿਕ-ਆਰਥਿਕ ਵਿਕਾਸ ਵਿੱਚ ਸਰਗਰਮ ਭਾਈਵਾਲ ਬਣ ਸਕਣ । ਓਹਨਾ ਨੇ ਕਿਹਾ ਕਿ ਨੌਜਵਾਨਾਂ ਨੂੰ, ਨਵੀਆਂ ਨੌਕਰੀਆਂ ਪ੍ਰਦਾਨ ਕਰਨ ਦੇ ਨਾਲ-ਨਾਲ, ਨੌਕਰੀਆਂ ਪ੍ਰਾਪਤ ਕਰਨ ਲਈ ਸੰਘਰਸ਼ ਕਰਦੇ ਹੋਏ ਨੌਕਰੀ ਲਈ, ਨਿਰਧਾਰਿਤ ਉਮਰ ਪਾਰ ਕਰ ਚੁਕੇ ਨੌਜਵਾਨਾਂ ਲਈ ਸੰਭਾਵਨਾ ਵੀ ਤਲਾਸ਼ੀ ਜਾ ਰਹੀ ਏ ।

-------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਸੂਬੇ ਦੇ ਡਿਗਰੀ, ਡਿਪਲੋਮਾ ਕਰ ਰਹੇ ਤੇ ਕਰ ਚੁੱਕੇ ਵਿਦਿਆਰਥੀਆਂ ਨੂੰ, ਘਰ ਬੈਠੇ ਹੀ ਵਿਦੇਸ਼ਾਂ ਵਿੱਚ ਆਨ ਲਾਈਨ ਰੁਜਗਾਰ ਦੇ ਮੌਕੇ ਮੁਹੱਈਆ ਕਰਵਾਉਣ ਦੇ ਮਕਸਦ ਨਾਲ, ਬਾਬਾ ਫਰੀਦ ਯੂਨੀਵਰਸਿਟੀ ਵਿਖੇ

ਵਿਸ਼ੇਸ਼ ਮੀਟਿੰਗ ਕੀਤੀ ਗਈ। ਜਿਸ ਵਿੱਚ ਅਮਰੀਕਾ ਤੋਂ ਮਾਈਕਰੋਸਾਫਟ ਦੇ ਨੁਮਾਇੰਦੇ ਵਰੁਣ ਗੁਪਤਾ ਸਮੇਤ ਹੋਰ ਕੰਪਨੀਆਂ ਦੇ ਨੁਮਾਇੰਦੇ, ਬਾਬਾ ਫਰੀਦ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਰਾਜੀਵ ਸੂਦ ਤੋਂ ਇਲਾਵਾ ਜ਼ਿਲ੍ਹੇ ਦੇ ਨਰਸਿੰਗ ਕਾਲਜਾਂ ਤੇ ਤਕਨੀਕੀ ਸਿਖਲਾਈ ਸੰਸਥਾਵਾਂ ਦੇ ਨੁਮਾਇੰਦੇ ਵਿਸ਼ੇਸ਼ ਤੌਰ ਤੇ ਹਾਜ਼ਰ ਸਨ। ਸਪੀਕਰ ਸੰਧਵਾਂ ਨੇ ਇਸ ਮੌਕੇ ਕਿਹਾ ਕਿ ਇੰਟਰਨੈਟ ਦੇ ਜ਼ਮਾਨੇ ਵਿੱਚ ਹੁਣ ਤਕਨੀਕੀ ਮੁਹਾਰਤ ਰੱਖਣ ਵਾਲੇ ਵਿਦਿਆਰਥੀਆਂ ਜਾਂ ਲੋਕ ਘਰ ਬੈਠੇ ਹੀ, ਦੇਸ਼-ਵਿਦੇਸ਼ ਦੀਆਂ ਕੰਪਨੀਆਂ ਵਿੱਚ ਆਨ ਲਾਈਨ ਜਾਬ ਕਰਕੇ ਵੱਡੀ ਕਮਾਈ ਕਰ ਰਹੇ ਨੇ ਤੇ ਇਸ ਲਈ ਉਨ੍ਹਾਂ ਨੂੰ ਘਰ ਤੋਂ ਬਾਹਰ ਨਹੀਂ ਜਾਣਾ ਪੈਂਦਾ। ਉਨ੍ਹਾਂ ਕਿਹਾ ਕਿ ਅੱਜ ਮਾਈਕਰੋਸਾਫਟ ਤੇ ਅੰਤਰ-ਰਾਸ਼ਟਰੀ ਕੰਪਨੀ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ ਗਈ ਹੈ ਤੇ ਇਹ ਕੰਪਨੀਆਂ ਫਰੀਦਕੋਟ ਅਤੇ ਮੋਹਾਲੀ ਵਿਖੇ ਨਰਸਿੰਗ, ਆਈ.ਟੀ.ਆਈ ਤੇ ਹੋਰ ਕਿੱਤਾਮੁਖੀ ਕੰਪਿਊਟਰ ਕੋਰਸ ਆਦਿ ਕਰਨ ਵਾਲੇ ਵਿਦਿਆਰਥੀਆਂ ਨੂੰ ਤਿੰਨ ਮਹੀਨੇ ਦੀ ਆਨ ਲਾਈਨ ਸਿਖਲਾਈ ਦੇ ਕੇ, ਉਨ੍ਹਾਂ ਨੂੰ ਅਮਰੀਕਾ ਦੀਆਂ ਵੱਡੀਆਂ ਕੰਪਨੀਆਂ, ਮੈਡੀਕਲ ਖੇਤਰ ਤੇ ਹੋਰ ਤਕਨੀਕੀ ਖੇਤਰਾਂ ਵਿੱਚ ਆਨਲਾਈਨ ਜਾਬ ਮੁਹਈਆ ਕਰਵਾਉਣਗੀਆਂ ਅਤੇ ਇਸ ਨਾਲ ਇਹ ਲੋਕ ਆਪਣੇ ਘਰ ਤੋਂ ਹੀ ਉਨ੍ਹਾਂ ਕੰਪਨੀਆਂ ਲਈ ਕੰਮ ਕਰਨਗੇ ਤੇ

ਉਨ੍ਹਾਂ ਲਈ ਵਧੀਆ ਰੁਜ਼ਗਾਰ ਤੇ ਵਧੀਆ ਤਨਖਾਹ ਦੇ ਅਵਸਰ ਪ੍ਰਾਪਤ ਹੋਣਗੇ।

-----------------------------------------------------------

ਭਾਰਤੀ ਰਾਜ ਜੰਗਲਾਤ ਰਿਪੋਰਟ (ISFR) 2021 ਦੇ ਨਵੇਂ ਮੁਲਾਂਕਣ ਮੁਤਾਬਿਕ, ਭਾਰਤ ਵਿੱਚ ਜੰਗਲਾਂ ਅਤੇ ਰੁੱਖਾਂ ਦੇ ਘੇਰੇ ਵਿੱਚ ਰਿਪੋਰਟ ਦੇ 2017 ਮੁਕਾਬਲੇ 7 ਹਜ਼ਾਰ 449 ਵਰਗ ਕਿਲੋਮੀਟਰ ਦਾ ਵਾਧਾ ਹੋਇਆ ਏ । ਸੰਸਦ ਵਿਚ ਇੱਕ ਸਵਾਲ ਵਿੱਚ ਇਹ ਜਾਣਕਾਰੀ ਦਿੰਦਿਆਂ, ਕੇਂਦਰੀ ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਪਰਿਵਰਤਨ ਰਾਜ ਮੰਤਰੀ ਕੀਰਤੀ ਵਰਧਨ ਸਿੰਘ ਨੇ ਦੱਸਿਆ ਕਿ ਸਾਲ 2021 ਦੇ ਅੰਕੜਿਆਂ ਮੁਤਾਬਿਕ ਦੇਸ਼ ਦਾ ਕੁੱਲ ਜੰਗਲਾਤ 7 ਲਖ 13 ਹਜ਼ਾਰ 789 ਵਰਗ ਕਿਲੋਮੀਟਰ ਏ, ਜੋ ਕਿ ਦੇਸ਼ ਦੇ ਭੂਗੋਲਿਕ ਖੇਤਰ ਦਾ 21.71 ਫੀਸਦੀ ਬਣਦਾ ਏ, ਕਿਉਂਕਿ ਜੰਗਲਾਂ ਅਤੇ ਰੁੱਖਾਂ ਦੇ ਢੱਕਣ ਦਾ ਕੋਈ ਨੁਕਸਾਨ ਨਹੀਂ ਹੁੰਦਾ, ਜੰਗਲਾਂ ਅਤੇ ਰੁੱਖਾਂ ਦੇ ਢੱਕਣ ਦੇ ਨੁਕਸਾਨ ਕਾਰਨ ਕਾਰਬਨ ਡਾਈਆਕਸਾਈਡ ਦੇ ਨਿਕਾਸ ਵਿੱਚ ਵਾਧੇ ਦਾ ਸਵਾਲ ਹੀ ਪੈਦਾ ਨਹੀਂ ਹੁੰਦਾ। ਹਾਲਾਂਕਿ, ਰਾਸ਼ਟਰੀ ਰਾਜਧਾਨੀ ਦਿੱਲੀ ਸਮੇਤ ਉੱਤਰੀ ਖੇਤਰ ਦੇ ਇਸ ਹਿੱਸੇ ਵਿੱਚ, ਪੰਜਾਬ ਸੂਬੇ ਵਿੱਚ ਜੰਗਲਾਂ ਦਾ ਘੇਰਾ 2019 ਵਿੱਚ 1849 ਵਰਗ ਕਿਲੋਮੀਟਰ ਤੋਂ

ਘਟ ਕੇ 2021 ਵਿੱਚ 1847 ਵਰਗ ਕਿਲੋਮੀਟਰ ਰਹਿ ਗਿਆ ਏ। ਇਸੇ ਤਰ੍ਹਾਂ, ਉਸੇ ਸਮੇਂ ਦੌਰਾਨ, ਦਿੱਲੀ ਵਿੱਚ ਜੰਗਲਾਂ ਦਾ ਘੇਰਾ ਵੀ 195.44 ਵਰਗ ਫੁੱਟ ਤੋਂ ਘੱਟ ਕੇ 195 ਵਰਗ ਕਿਲੋਮੀਟਰ ਹੋ ਗਿਆ ਏ ,ਜਦਕਿ, ਹਰਿਆਣਾ ਨੇ ਸਾਲ 2019 ਵਿੱਚ 1602 ਵਰਗ ਕਿਲੋਮੀਟਰ ਦੇ ਮੁਕਾਬਲੇ, ਸਾਲ 2021 ਵਿੱਚ 1603 ਵਰਗ ਦਾ ਵਾਧਾ ਦਰਜ ਕੀਤਾ ਏ । ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ, ਜਿਸਦਾ ਕੁਲ ਭੂਗੋਲਿਕ ਖੇਤਰ 114 ਵਰਗ ਕਿਲੋਮੀਟਰ ਏ ਨੇ 2019 ਵਿੱਚ 22.03 ਵਰਗ ਕਿਲੋਮੀਟਰ ਤੋਂ ਸਾਲ 2021 ਵਿੱਚ 22.80 ਵਰਗ ਕਿਲੋਮੀਟਰ ਤੱਕ ਦਾ ਚੰਗਾ ਵਾਧਾ ਦਰਜ ਕੀਤਾ ਏ।

---------------------------------------------------------------

ਅੱਜ ਪੰਜਾਬ ਦੇ ਵੱਖ ਵੱਖ ਜ਼ਿਲਿਆਂ ਵਿਚ ਪੰਚਾਂ ਤੇ ਸਰਪੰਚਾਂ ਨੂੰ ਚੁਕਾਈ ਸਹੁੰ ਚੁਕਾਈ ਗਈ। ਲੋਕ ਸਭਾ ਸੰਗਰੂਰ ਤੋਂ ਸੰਸਦ ਗੁਰਮੀਤ ਸਿੰਘ ਮੀਤ ਹੇਅਰ ਨੇ ਬਾਬਾ ਕਾਲਾ ਮਹਿਰ ਸਟੇਡੀਅਮ ਬਰਨਾਲਾ ਵਿਖੇ ਜਿਲ੍ਹਾ ਬਰਨਾਲਾ ਨਾਲ ਸੰਬੰਧਿਤ ਪੰਚਾਂ ਅਤੇ ਸਰਪੰਚਾਂ ਨੂੰ ਸੌਂਹ ਚੁਕਵਾਈ । ਗੁਰਮੀਤ ਸਿੰਘ ਮੀਤ ਹੇਰ ਨੇ ਨਵੇਂ ਚੁਣੇ ਗਏ ਪੰਜਾਬ ਸਰਪੰਚਾਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਪਾਰਟੀਬਾਜੀ ਤੋਂ ਉੱਪਰ ਉੱਠ ਕੇ ਪਿੰਡਾਂ ਦੇ ਵਿਕਾਸ ਕਾਰਜ ਕਰਵਾਏ ਜਾਣ। ਓਧਰ ਜ਼ਿਲ੍ਹਾ ਗੁਰਦਾਸਪੁਰ ਵਿਚ

ਕੈਬਨਿਟ ਮੰਤਰੀ  ਕੁਲਦੀਪ ਸਿੰਘ ਧਾਲੀਵਾਲ ਵੱਲੋਂ ਸਹੁੰ ਚੁਕਾਈ ਗਈ। ਇਸ ਮੌਕੇ ਬਟਾਲਾ ਤੋਂ ਵਿਧਾਇਕ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ ਤੋਂ ਇਲਾਵਾ ਹੋਰ ਵੀ ਪ੍ਰਮੁੱਖ ਆਗੂ ਮੌਜੂਦ ਰਹੇ।ਉਨਾਂ ਨੇ ਕਿਹਾ ਕਿ ਸਰਪੰਚਾ ਪੰਚਾ ਦੇ ਅਧਿਕਾਰਾਂ ਤੇ ਜਿੰਮੇਵਾਰੀਆਂ ਦੀ ਜਾਣਕਾਰੀ ਦੇਣ ਵਾਸਤੇ ਜਲਦ ਹੀ ਸੈਮੀਨਾਰ ਲਾਗਾਏ ਜਾਣਗੇ । ਏਧਰ ਹੁਸ਼ਿਆਰਪੁਰ ਵਿਚ ਪੰਜਾਬ ਦੇ ਸਥਾਨਕ ਸਰਕਾਰਾਂ ਅਤੇ ਸੰਸਦੀ ਮਾਮਲੇ ਮੰਤਰੀ ਡਾ. ਰਵਜੋਤ ਸਿੰਘ ਨੇ ਜ਼ਿਲ੍ਹੇ ਦੀਆਂ 1403 ਪੰਚਾਇਤਾਂ ਦੇ 9 ਹਜ਼ਾਰ 314 ਪੰਚਾਂ ਤੇ ਸਰਪੰਚਾਂ ਨੂੰ ਉਨ੍ਹਾਂ ਦੇ ਅਹੁਦੇ ਦਾ ਹਲਫ਼ ਦਿਵਾਉਂਦਿਆਂ ਕਿਹਾ ਕਿ ਪਿੰਡਾਂ ਦੇ ਵਿਕਾਸ ਦੇ ਨਾਲ-ਨਾਲ ਪੰਚਾਇਤਾਂ ਸਮਾਜਿਕ ਬੁਰਾਈਆ ਦੇ ਖਾਤਮੇ ਲਈ ਵੀ ਅੱਗੇ ਆ ਕੇ ਸਰਗਰਮ ਭੂਮਿਕਾ ਨਿਭਾਉਣ। ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਜ਼ਿਲ੍ਹੇ ਵਿਚ 273 ਪੰਚਾਇਤਾਂ ਸਰਬਸੰਮਤੀ ਨਾਲ ਚੁਣੀਆ ਗਈਆਂ ਨੇ  ਜੋ ਪਿੰਡਾਂ ਵਿਚ ਆਪਸੀ ਭਾਈਚਾਰੇ ਦਾ ਸਬੂਤ ਦਿੰਦੀਆਂ ਨੇ । ਉਨ੍ਹਾਂ ਨੇ ਨਵੇਂ ਚੁਣੇ ਪੰਚਾਂ-ਸਰਪੰਚਾਂ ਨੂੰ ਸੱਦਾ ਦਿੱਤਾ ਕਿ ਲੋਕਾਂ ਵਲੋਂ ਉਨ੍ਹਾਂ ਦੇ ਮੋਢਿਆਂ ’ਤੇ ਪਾਈ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਅਤੇ ਸਮਰਪਣ ਭਾਵਨਾ ਨਾਲ ਨਿਭਾਉਂਦੇ ਪਿੰਡਾਂ ਦੀ ਨੁਹਾਰ ਬਦਲਣ ਲਈ ਕਦਮ ਚੁੱਕਣ।ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਨਵੇਂ ਚੁਣੇ ਸਰਪੰਚਾਂ ਤੇ ਪੰਚਾਂ ਨੂੰ ਅਪੀਲ

ਕੀਤੀ ਕਿ ਪਿੰਡਾਂ ਵਿਚ ਸਮਾਜਿਕ ਅਲਾਮਤਾਂ ਦੇ ਮੁਕੰਮਲ ਸਫ਼ਾਏ ਲਈ ਅਹਿਮ ਭੂਮਿਕਾ ਅਦਾ ਕਰਨ।

ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਪੰਚਾਇਤਾਂ ਨੂੰ ਤਾਕੀਦ ਕੀਤੀ ਕਿ ਉਹ ਪਿੰਡਾਂ ਵਿਚ ਆਪਸੀ ਸਾਂਝ ਨੂੰ ਮਜ਼ਬੂਤ ਕਰਦਿਆਂ ਬਿਨਾ ਕਿਸੇ ਭੇਦਭਾਵ ਤੋਂ ਹਰ ਪੱਖੋਂ ਵਿਕਾਸ ਨੂੰ ਯਕੀਨੀ ਬਣਾਉਣ।

---------------------------------------------------------------

ਪੰਜਾਬ ਸਥਾਨਕ ਸਰਕਾਰਾਂ ਬਾਰੇ ਮੰਤਰੀ ਡਾ.ਰਵਜੋਤ ਸਿੰਘ ਨੇ ਕਿਹਾ ਏ ਕਿ ਸ਼ਹਿਰੀ ਖੇਤਰਾਂ ਵਿਚ 100 ਫੀਸਦੀ ਆਬਾਦੀ ਨੂੰ ਪੀਣ ਵਾਲਾ ਸਾਫ ਪਾਣੀ ਮੁਹੱਈਆ ਕਰਵਾਉਣ ਲਈ ਵਿਆਪਕ ਯੋਜਨਾਬੰਦੀ ਉਲੀਕੀ ਗਈ ਏ , ਜਿਸ ਤਹਿਤ ਭਵਿੱਖ ਵਿਚ ਪਾਣੀ ਦੀ ਕਮੀ ਦਾ ਸਾਹਮਣਾ ਕਰ ਰਹੇ ਖੇਤਰਾਂ ਵਿਚ ਪਹਿਲ ਦੇ ਆਧਾਰ ’ਤੇ ਪੰਜਾਬ ਵਾਟਰ ਸਪਲਾਈ ਤੇ ਸੀਵਰੇਜ ਬੋਰਡ ਵਲੋਂ ਪੀਣ ਵਾਲੇ ਪਾਣੀ ਦੀ ਸਪਲਾਈ ਯਕੀਨੀ ਬਣਾਈ ਜਾਵੇਗੀ । ਅੱਜ ਫਗਵਾੜਾ ਵਿਖੇ 4 ਕਰੋੜ 35 ਲਖ ਰੁਪਏ ਦੀ ਲਾਗਤ ਨਾਲ ਮੁਕੰਮਲ ਕੀਤੇ ਜਾਣ ਵਾਲੇ ਵਾਟਰ ਸਪਲਾਈ ਪ੍ਰਾਜੈਕਟ ਦਾ ਨੀਂਹ ਪੱਥਰ ਰੱਖਣ ਮੌਕੇ, ਡਾ.ਰਵਜੋਤ ਸਿੰਘ ਨੇ ਦੱਸਿਆ ਕਿ ਨਗਰ ਨਿਗਮ ਅਤੇ ਨਗਰ ਕੌਂਸਲਾਂ ਵਿਚ ਪਾਣੀ ਦੀ ਸਪਲਾਈ ਸਬੰਧੀ ਅਧਿਕਾਰੀਆਂ ਨੂੰ ਮੁਕੰਮਲ ਅਧਿਐਨ ਪਿੱਛੋਂ ਵਿਆਪਕ ਰਿਪੋਰਟਾਂ ਦੇਣ ਦੇ ਹੁਕਮ ਦਿੱਤੇ ਗਏ

ਨੇ । ਉਨ੍ਹਾਂ ਦੱਸਿਆ ਕਿ 4 ਕਰੋੜ 35 ਲਖ ਰੁਪਏ ਰੁਪਏ ਦੇ ਇਸ ਪ੍ਰਾਜੈਕਟ ਦੇ ਮੁਕੰਮਲ ਹੋਣ ਨਾਲ ਸੰਤੋਖਪੁਰਾ, ਗੋਬਿੰਦਪੁਰਾ, ਕੋਠੜਾ, ਨਕੋਦਰ ਰੋਡ, ਪੁਰੇਵਾਲ ਨਗਰ ਤੇ ਖਲਵਾੜਾ ਰੋਡ ਦੀ 8 ਹਜ਼ਾਰ ਤੋਂ ਵੱਧ ਆਬਾਦੀ ਨੂੰ ਪੀਣ ਵਾਲੇ ਸਾਫ ਪਾਣੀ ਦੀ ਸਪਲਾਈ ਮਿਲੇਗੀ। ਉਨ੍ਹਾਂ ਦੱਸਿਆ ਕਿ ਇਸ ਕੰਮ ਲਈ 9 ਕਿਲੋਮੀਟਰ ਲੰਬੀ ਪਾਈਪ ਲਾਈਨ ਵਿਛਾਈ ਜਾ ਰਹੀ ਏ , ਜਿਸ ਵਿਚ ਇਕ ਹਜ਼ਾਰ ਤੋਂ ਵੱਧ ਘਰਾਂ ਨੂੰ ਪਾਣੀ ਦੇ ਕੁਨੈਕਸ਼ਨ ਦਿੱਤੇ ਜਾਣਗੇ। ਇਹ ਸਮੁੱਚਾ ਪ੍ਰਾਜੈਕਟ 27 ਮਈ 2025 ਤੱਕ ਮੁਕੰਮਲ ਕਰਨ ਦਾ ਟੀਚਾ ਰੱਖਿਆ ਗਿਆ ਏ ।

---

ਆਖ਼ਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਚੰਡੀਗੜ੍ਹ ਵਿੱਚ, ਨਵੇਂ ਅਪਰਾਧਕ ਕਾਨੂੰਨ ਰਾਸ਼ਟਰ ਨੂੰ ਸਮਰਪਿਤ ਕੀਤੇ ।
- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ, ਅੰਤਰ-ਰਾਸ਼ਟਰੀ ਦਿਵੀਆਂਗ ਦਿਵਸ ਦੇ ਮੌਕੇ, 33 ਫੀਸਦੀ ਦਿਵੀਆਂਗਤਾ ਵਾਲੇ

ਮਿਸਾਲੀ ਵਿਅਕਤੀਆਂ ਅਤੇ ਸੰਸਥਾਵਾਂ ਦੇ ਸਸ਼ਕਤੀਕਰਨ ਲਈ ਰਾਸ਼ਟਰੀ ਪੁਰਸਕਾਰ ਕੀਤੇ ਪ੍ਰਦਾਨ।

• ਪੰਜਾਬ ਵਿਚ ਸਮਾਜਿਕ ਸੁਰੱਖਿਆ, ਮਹਿਲਾ ਤੇ ਬਾਲ ਵਿਕਾਸ ਮੰਤਰੀ ਵਲੋਂ ਵੀ, ਅੱਜ ਸੂਬਾ ਪੱਧਰੀ ਸਮਾਗਮ ਵਿਚ ਦਿਵਿਆਂਗਜਨਾਂ ਨੂੰ ਕੀਤਾ ਗਿਆ ਸਨਮਾਨਿਤ I ਅਤੇ

• ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਲਾਨ ਕੀਤਾ ਕਿ ਨੌਜਵਾਨਾਂ ਨੂੰ ਹੋਰ ਸਰਕਾਰੀ ਨੌਕਰੀਆਂ ਦੇਣ ਲਈ, ਸਿਹਤ, ਸਿੱਖਿਆ ਅਤੇ ਹੋਰ ਪ੍ਰਮੁੱਖ ਵਿਭਾਗਾਂ ਵਿੱਚ ਜਲਦ ਹੀ ਭਰਤੀ ਮੁਹਿੰਮ ਦੀ ਹੋਵੇਗੀ ਸ਼ੁਰੂਆਤ।